Total No. of Questions : 14]

[Total No. of Printed Pages : 4

**X**

**2323**

**ਸਲਾਨਾ ਪਰੀਖਿਆ ਪ੍ਰਨਾਲ਼ੀ**

**PUNJABI**

**Paper-B**

**(Morning Session)**

**Time Allowed : 3 Hours**

**Maximum Marks : 65**

*ਨੋਟ :* (i) *ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ* **72/A** *ਜ਼ਰੂਰ ਦਰਜ ਕਰੋ ।*

(ii) *ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿਚ ਟਾਈਟਲ ਸਹਿਤ* **24** *ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।*

(iii) *ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।*

(iv) *05 ਅੰਕ ਸੁੰਦਰ ਲਿਖਾਈ ਲਈ ਨਿਰਧਾਰਿਤ ਕੀਤੇ ਗਏ ਹਨ । ਪ੍ਰਸ਼ਨ ਨੰ. 1 ਸੁੰਦਰ ਲਿਖਾਈ ਲਈ ਰਾਖਵਾਂ ਹੈ ।*

(v) *ਪ੍ਰਸ਼ਨ-ਪੱਤਰ ਵਿੱਚ ਕੁੱਲ 14 ਪ੍ਰਸ਼ਨ ਹਨ ।*

(vi) ***ਸਾਰੇ ਪ੍ਰਸ਼ਨ ਹੱਲ ਕਰਨੇ ਲਾਜ਼ਮੀ ਹਨ ।***

**1.** ਇਹ ਪ੍ਰਸ਼ਨ ਸੁੰਦਰ ਲਿਖਾਈ ਲਈ ਰਾਖਵਾਂ ਹੈ । *5*

**2.** ਵਸਤੂਨਿਸ਼ਠ ਪ੍ਰਸ਼ਨ : *10×1=10*

(ੳ) ਵਿਆਕਰਨ ਦਾ ਕਿਹੜਾ ਅੰਗ ਅਰਥਾਂ ਦੇ ਅਧਿਐਨ ਨਾਲ ਸੰਬੰਧਿਤ ਹੈ ? *1*

(ਅ) ਹੇਠ ਲਿਖੇ ਵਾਕ ਨੂੰ ਲੁੜੀਂਦੇ ਵਿਸਰਾਮ-ਚਿੰਨ੍ਹ ਲਗਾਓ : *1*

ਪਾਪਾ ਵੀਰ ਆ ਗਿਆ ਏ

(ੲ) ਭਾਸ਼ਾ ਕਿਸ ਨੂੰ ਕਹਿੰਦੇ ਹਨ ? *1*

(ਸ) ਪੰਜਾਬੀ ਵਿੱਚ ਸਵਰ-ਧੁਨੀਆਂ ਕਿਹੜੀਆਂ-ਕਿਹੜੀਆਂ ਹਨ ? *1*

(ਹ) 'ਮੇਲਣ' ਸ਼ਬਦ ਦਾ ਪੁਲਿੰਗ ਰੂਪ ਦੱਸੋ । *1*

(ਕ) ਪੰਜਾਬੀ ਭਾਸ਼ਾ ਵਿੱਚ 'ਮੋਰਨੀ' ਕਿਹੜਾ ਵਚਨ ਹੈ ? 1

(ਖ) 'ਅਸੀਂ ਪੜ੍ਹਦੇ ਸਾਂ ।' ਵਾਕ ਵਿੱਚ ਕਿਹੜਾ ਕਾਲ-ਰੂਪ ਹੈ ? 1

(ਗ) 'ਗੁਆਚਣਾ' ਸ਼ਬਦ ਦਾ ਵਿਰੋਧਾਰਥਕ ਸ਼ਬਦ ਲਿਖੋ । 1

(ਘ) 'ਕਿਸੇ ਲੇਖਕ ਦੀ ਸਭ ਤੋਂ ਉੱਤਮ ਰਚਨਾ' – ਬਹੁਤੇ ਸ਼ਬਦਾਂ ਦੀ ਥਾਂ ਇੱਕ ਸ਼ਬਦ ਲਿਖੋ । 1

(ਙ) 'ਨਿਰਮਲ' ਦਾ ਸਮਾਨਾਰਥਕ ਸ਼ਬਦ ਲਿਖੋ । 1

3. ਹੇਠ ਲਿਖੇ ਵਿਸ਼ਿਆਂ ਵਿੱਚੋਂ ਕਿਸੇ *ਇੱਕ* ਉੱਤੇ ਲਗਭਗ 400 ਸ਼ਬਦਾਂ ਦਾ ਲੇਖ ਲਿਖੋ : 10

(ੳ) ਨਾਨਕ ਸਿੰਘ ਨਾਵਲਕਾਰ

(ਅ) ਬੇਰੁਜ਼ਗਾਰੀ ਦੀ ਸਮੱਸਿਆ

(ੲ) ਅੱਖੀਂ ਡਿੱਠਾ ਮੇਲਾ

(ਸ) ਮੋਬਾਈਲ ਫ਼ੋਨ ਦਾ ਵਧਦਾ ਰੁਝਾਨ

(ਹ) ਲਾਇਬਰੇਰੀ

4. ਆਪਣੇ ਮਿੱਤਰ ਨੂੰ ਨੀਟ (NEET) ਵਿੱਚ ਮੋਹਰੀ ਦਰਜਾ ਪ੍ਰਾਪਤ ਕਰਨ 'ਤੇ ਵਧਾਈ ਦੀ ਚਿੱਠੀ ਲਿਖੋ । 2+3+1=6

ਜਾਂ

ਕਿਸੇ ਪੰਜਾਬੀ ਅਖ਼ਬਾਰ ਦੇ ਸੰਪਾਦਕ ਨੂੰ ਸੜਕਾਂ ਉੱਪਰ ਹੋ ਰਹੀਆਂ ਦੁਰਘਟਨਾਵਾਂ ਕਰਕੇ ਹੋ ਰਹੇ ਜਾਨੀ ਨੁਕਸਾਨ ਬਾਰੇ ਪੱਤਰ ਲਿਖੋ ।

5. ਹੇਠ ਲਿਖੇ ਪੈਰੇ ਦੀ ਸੰਖੇਪ ਰਚਨਾ ਲਗਭਗ ਇੱਕ-ਤਿਹਾਈ ਸ਼ਬਦਾਂ ਵਿੱਚ ਲਿਖੋ ਅਤੇ ਢੁਕਵਾਂ ਸਿਰਲੇਖ ਵੀ ਦਿਓ : 4+1=5

ਗੁਰੂ ਨਾਨਕ ਦਾ ਉਪਦੇਸ਼ ਸਰਬ-ਸੰਸਾਰ ਲਈ ਸਾਂਝਾ ਤੇ ਪ੍ਰਾਣੀ ਮਾਤਰ ਲਈ ਕਲਿਆਣਕਾਰੀ ਹੈ । ਉਹਨਾਂ ਦਾ ਸੁਨੇਹਾ ਹਰ ਇਨਸਾਨ ਅਤੇ ਸਮੁੱਚੇ ਤੌਰ 'ਤੇ ਇਨਸਾਨੀ ਸਮਾਜ ਲਈ ਵਿਸ਼ੇਸ਼ ਮਹੱਤਤਾ ਰੱਖਦਾ ਹੈ । ਪਹਿਲਾ ਉਪਦੇਸ਼ ਇਨਸਾਨ ਨੂੰ ਆਪਣੀ ਆਤਮਾ ਨੂੰ ਉੱਨਤ ਕਰਨ ਦਾ ਹੈ ਅਤੇ ਨਾਮ-ਦਾਨ ਤੇ ਇਸ਼ਨਾਨ ਇਸ ਦਾ ਸਾਧਨ ਦੱਸਿਆ ਹੈ । ਈਸ਼ਵਰ ਭਗਤੀ, ਈਸ਼ਵਰ-ਸਿਮਰਨ ਨਾਲ ਮਨ ਦੀ ਮੈਲ ਕਟਦੀ ਹੈ ਤੇ ਆਤਮਾ ਆਪਣੇ ਸ਼ੁੱਧ ਰੂਪ ਵਿੱਚ ਵਿਦਮਾਨ ਹੁੰਦੀ ਹੈ । ਦੂਸਰਾ ਉਪਦੇਸ਼ ਗੁਰੂ ਨਾਨਕ ਦਾ ਇਹ ਹੈ ਕਿ ਸੰਸਾਰ ਅਤੇ ਸਮਾਜ ਤੋਂ ਕੱਟ ਹੋ ਕੇ, ਵੱਖਰੇ ਹੋ ਕੇ, ਕਿਸੇ ਵਿਅਕਤੀਗਤ ਆਤਮਾ ਦਾ ਵਿਕਾਸ, ਉੱਨਤੀ ਅਤੇ ਹੋਂਦ ਅਸੰਭਵ ਹੈ । ਗੁਰੂ ਨਾਨਕ ਦਾ ਇਹ ਉਪਦੇਸ਼ ਹੈ ਕਿ ਇਨਸਾਨ ਖ਼ੁਦਗ਼ਰਜ਼ੀ ਤੇ ਹਉਮੈ ਦੀ ਜਿੱਲ੍ਹਣ ਵਿੱਚੋਂ ਨਿਕਲ ਕੇ ਪ੍ਰੇਮ ਤੇ ਸੇਵਾ ਦੇ ਸਾਧਨ ਦੁਆਰਾ ਸਾਂਝੀਵਾਲਤਾ ਦੀ ਟੀਸੀ ਉੱਤੇ ਪੁੱਜੇ ਤਾਂ ਜੋ ਵਿਸ਼ਵ ਅਥਵਾ ਸਾਰੀ ਇਨਸਾਨੀਅਤ ਦਾ ਕਲਿਆਣ ਹੋਵੇ ।

6. ਹੇਠ ਲਿਖੇ ਪੈਰੇ ਨੂੰ ਪੜ੍ਹ ਕੇ ਅੰਤ ਵਿੱਚ ਦਿੱਤੇ ਪ੍ਰਸ਼ਨਾਂ ਦੇ ਉੱਤਰ ਲਿਖੋ : *1+1+1=3*

ਘਰ-ਪਰਿਵਾਰ ਤੋਂ ਇਲਾਵਾ ਸਮਾਜ ਵਿੱਚ ਵਿਚਰਦਿਆਂ ਸਾਡੇ ਕੋਲੋਂ ਅਨੇਕਾਂ ਗ਼ਲਤੀਆਂ ਹੋ ਜਾਂਦੀਆਂ ਹਨ । ਕਈ ਵਾਰ ਛੋਟੀਆਂ-ਛੋਟੀਆਂ ਤਕਰਾਰਾਂ ਵੀ ਹੋ ਜਾਂਦੀਆਂ ਹਨ । ਕੋਈ ਅਜਿਹੀ ਗੱਲ ਜਾਂ ਤਕਰਾਰ ਕਿਸੇ ਦਾ ਦਿਲ ਵੀ ਦੁਖਾ ਦਿੰਦੀ ਹੈ । ਅਜਿਹੀ ਗੱਲ ਵਰ੍ਹਿਆਂ ਤੱਕ ਅਣ-ਬਣ ਦਾ ਕਾਰਨ ਬਣੀ ਰਹਿੰਦੀ ਹੈ । ਮੰਨ ਲਓ ਜੇਕਰ ਸਾਡੇ ਕੋਲੋਂ ਅਜਿਹਾ ਕੁਝ ਹੋ ਵੀ ਜਾਂਦਾ ਹੈ ਤਾਂ ਸਾਨੂੰ ਆਪਣੀ ਗ਼ਲਤੀ ਸਵੀਕਾਰ ਕਰ ਲੈਣ ਵਿੱਚ ਕਿਸੇ ਵੀ ਕਿਸਮ ਦੀ ਝਿਜਕ ਨਹੀਂ ਹੋਣੀ ਚਾਹੀਦੀ ਤੇ ਸਾਨੂੰ ਉਸ ਦੀ ਮਾਫ਼ੀ ਮੰਗ ਲੈਣੀ ਚਾਹੀਦੀ ਹੈ । ਗ਼ਲਤੀ ਨੂੰ ਮੰਨਣਾ ਸ਼ਿਸ਼ਟਾਚਾਰ ਦਾ ਇੱਕ ਹਿੱਸਾ ਹੈ ਕਈ ਵਾਰ ਅਸੀਂ ਗ਼ਲਤੀ ਕਰਨ ਤੋਂ ਬਾਅਦ ਮਾਫ਼ੀ ਮੰਗਣ ਤੋਂ ਇਨਕਾਰੀ ਹੋ ਜਾਂਦੇ ਹਾਂ ਕਿਉਂਕਿ ਅਸੀਂ ਇਸ ਨੂੰ ਆਪਣੀ ਅਣਖ ਨਾਲ ਜੋੜ ਲੈਂਦੇ ਹਾਂ । ਦੇਖਿਆ ਜਾਵੇ ਤਾਂ ਮਾਫ਼ੀ ਮੰਗਣ ਨਾਲ ਸਾਡੀ ਅਣਖ ਨਹੀਂ ਘਟਦੀ ਸਗੋਂ ਸਾਡਾ ਵਿਅਕਤਿਤਵ ਉਜਾਗਰ ਹੁੰਦਾ ਹੈ ਅਤੇ ਕਈ ਵਾਰ ਆਉਣ ਵਾਲੀਆਂ ਮੁਸੀਬਤਾਂ ਤੋਂ ਸਾਡਾ ਬਚਾਅ ਵੀ ਹੋ ਸਕਦਾ ਹੈ । ਛੋਟੇ ਮਸਲੇ ਵੱਡੇ ਨਹੀਂ ਬਣਦੇ ਤੇ ਅਸੀਂ ਤਣਾਅ-ਮੁਕਤ ਰਹਿੰਦੇ ਹਾਂ ।

ਉਪਰੋਕਤ ਪੈਰੇ ਨੂੰ ਧਿਆਨ ਨਾਲ ਪੜ੍ਹੋ ਅਤੇ ਹੇਠ ਲਿਖੇ ਪ੍ਰਸ਼ਨਾਂ ਦੇ ਉੱਤਰ ਦਿਓ :

(ੳ) ਸਮਾਜ ਵਿੱਚ ਵਿਚਰਦਿਆਂ ਕਈ ਵਾਰ ਸਾਡੇ ਕੋਲੋਂ ਕੀ ਹੋ ਜਾਂਦਾ ਹੈ ? *1*

(ਅ) ਸਾਨੂੰ ਕਿਸ ਕਿਸਮ ਦੀ ਝਿਜਕ ਨਹੀਂ ਹੋਣੀ ਚਾਹੀਦੀ ? *1*

(ੲ) ਕਈ ਵਾਰ ਅਸੀਂ ਗ਼ਲਤੀ ਮੰਨਣ ਤੋਂ ਇਨਕਾਰੀ ਕਿਉਂ ਹੋ ਜਾਂਦੇ ਹਾਂ ? *1*

7. ਹੇਠ ਲਿਖੇ ਮੁਹਾਵਰਿਆਂ ਵਿੱਚੋਂ ਕਿਸੇ **ਚਾਰ** ਨੂੰ ਵਾਕਾਂ ਵਿੱਚ ਇਸ ਤਰ੍ਹਾਂ ਵਰਤੋ ਕਿ ਅਰਥ ਸਪੱਸ਼ਟ ਹੋ ਜਾਣ : *4×2=8*

https://www.punjabboardonline.com

(ੳ) ਅੱਡੀ ਨਾ ਲੱਗਣਾ 2

(ਅ) ਸਿੱਕਾ ਜੰਮਣਾ 2

(ੲ) ਸ਼ੇਰ ਦੀ ਮੁੱਛ ਫੜਨਾ 2

(ਸ) ਕਾਂਜੀ ਘੋਲਣਾ 2

(ਹ) ਖ਼ਾਨਿਓ ਜਾਣਾ 2

(ਕ) ਪੈਰ ਜੰਮਣਾ 2

(ਖ) ਝੱਗ ਛੱਡਣਾ 2

(ਗ) ਬਿੱਲੀ ਲਈ ਛਿੱਕਾ ਟੁੱਟ ਪੈਣਾ 2

2

8. ਵਿਸਰਾਮ-ਚਿੰਨ੍ਹ ਲਾ ਕੇ ਦੁਬਾਰਾ ਲਿਖੋ :

ਰੋਟੀ ਟੁੱਕ,ਤਿਆਰ ਕਰਨ'ਚ ਹੋਰ ਕਿੰਨਾ ਸਮਾਂ ਲੱਗੇਗਾ \

9. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਦਿਓ : 1+1+1=3

(ੳ) ਗੁਰਮੁਖੀ ਲਿਪੀ ਅਤੇ ਵਰਨਮਾਲਾ ਵਿੱਚ ਕੀ ਅੰਤਰ ਹੈ ? 1

(ਅ) 'ਲ' ਅਤੇ 'ਲ਼' ਵਿੱਚ ਕੀ ਅੰਤਰ ਹੈ ? 1

(ੲ) ਪੰਜਾਬੀ ਵਿੱਚ ਵਿਅੰਜਨ-ਧੁਨੀਆਂ ਕਿੰਨੀਆਂ ਹਨ ? 1

10. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਦਿਓ : 1+1=2

(ੳ) 'ੳ' (ਊੜਾ) ਅੱਖਰ ਨਾਲ ਕਿਹੜੇ ਨਾਸਕੀ ਚਿੰਨ੍ਹ ਦੀ ਵਰਤੋਂ ਹੁੰਦੀ ਹੈ ? 1

(ਅ) ਅਧਕ ਕਿਹੜੀ-ਕਿਹੜੀ ਲਗ ਨਾਲ ਲਗਦਾ ਹੈ ? 1

11. (ੳ) ਯੋਜਕ ਜਾਂ ਵਿਸ਼ੇਸ਼ਣ ਕਿਸਨੂੰ ਆਖਦੇ ਹਨ ? ਉਦਾਹਰਨਾਂ ਸਹਿਤ ਦੱਸੋ । 2

(ਅ) ਸੰਜੁਗਤ ਕਿਰਿਆ, ਇਕਹਿਰੀ ਕਿਰਿਆ ਨਾਲੋਂ ਕਿਵੇਂ ਵੱਖਰੀ ਹੈ ? ਉਦਾਹਰਨਾਂ ਸਹਿਤ ਦੱਸੋ । 2

12. ਹੇਠ ਲਿਖੇ ਵਾਕ ਨੂੰ ਵਚਨ ਤੇ ਲਿੰਗ ਬਦਲਣ ਉਪਰੰਤ ਦੋ ਵੱਖਰੇ-ਵੱਖਰੇ ਵਾਕਾਂ ਵਿੱਚ ਲਿਖੋ : 2

ਛੋਟੀਆਂ ਲੜਕੀਆਂ ਖੇਡਦੀਆਂ ਹਨ ।

13. ਹੇਠ ਲਿਖੇ ਵਾਕ ਨੂੰ ਭੂਤ-ਕਾਲ ਅਤੇ ਭਵਿਖਤ-ਕਾਲ ਵਿੱਚ ਬਦਲਣ ਉਪਰੰਤ ਦੋ ਵੱਖੋ-ਵੱਖਰੇ ਵਾਕਾਂ ਵਿੱਚ ਲਿਖੋ : 2

ਉਹ ਖੇਡਦਾ ਹੈ ।

14. (ੳ) 'ਦੌਰਾ' ਸ਼ਬਦ ਦੇ ਦੋ ਵੱਖ-ਵੱਖ ਅਰਥ ਦਰਸਾਉਂਦੇ ਵਾਕ ਬਣਾਓ । 1

(ਅ) 'ਓੜਕ' ਸ਼ਬਦ ਦਾ ਸਮਾਨਾਰਥਕ ਸ਼ਬਦ ਲਿਖੋ । 1

(ੲ) ਬਹੁਤੇ ਸ਼ਬਦਾਂ ਲਈ ਇੱਕ ਢੁਕਵਾਂ ਸ਼ਬਦ ਲਿਖੋ : 1

ਉਹ ਲੜਾਈ ਜਿਸ ਵਿੱਚ ਬਹੁਤ ਸਾਰੇ ਵਿਅਕਤੀ ਮਾਰੇ ਜਾਣ